


ਰੋਜਾਨਾ ਸੱਚ ਤੇ ਨਿਡਰ ਆਵਾਜ

# ਲੋਕ ਬਾਣੀ

Email : lokbani08@gmail.com 7 ਫਰਵਰੀ 2023 ਮੁੱਖ ਸੰਪਾਦਕ : - ਅਮਨ ਮਹਿਰਾ (ਜਲੰਧਰ)




R.N.I. /Punpun/29016/2008/ • ਸਾਲ : 15 • ਅੰਕ : 40 • ਮੁੱਲ : 5.00 ਰੁਪਏ • ਕੁੱਲ ਪੇਜ : 10 • ਫੈਕਸ: 0181-2211009, 99155-94111

## ਸਾਬਕਾ ਮੰਤਰੀ ਨੂੰ ਵਿਜੀਲੈਂਸ ਨੇ ਦੁਬਾਰਾ ਕੀਤਾ ਕਾਬੂ

**ਜਲੰਧਰ/ਹਰਬੰਸ ਬਿੱਟੂ**



ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਦੌਰਾਨ ਸੋਮਵਾਰ ਨੂੰ ਸਾਬਕਾ ਮੰਤਰੀ ਸਾਧੂ ਸਿੰਘ ਧਰਮਸੋਤ ਨੂੰ ਆਮਦਨ ਦੇ ਜਾਣੂ ਸਰੋਤਾਂ ਤੋਂ ਵੱਧ ਜਾਇਦਾਦ ਬਣਾਉਣ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕਰ ਲਿਆ। ਇਹ ਪ੍ਰਗਟਾਵਾ ਕਰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਸ ਬਾਰੇ ਚੱਲ ਰਹੀ ਵਿਜੀਲੈਂਸ ਜਾਂਚ ਦੀ ਤਫਤੀਸ਼ ਤੋਂ ਬਾਅਦ ਵਿਜੀਲੈਂਸ ਬਿਊਰੋ ਵੱਲੋਂ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀ ਧਾਰਾ 13(1) (ਬੀ), 13(2) ਤਹਿਤ ਵਿਜੀਲੈਂਸ ਬਿਊਰੋ ਰੇਂਜ ਦੇ ਪੁਲਿਸ ਥਾਣਾ ਮੋਹਾਲੀ ਵਿਖੇ ਮੁਕੱਦਮਾ ਦਰਜ ਕਰਕੇ ਪੰਜਾਬ ਦੇ ਸਾਬਕਾ ਮੰਤਰੀ ਸਾਧੂ ਸਿੰਘ ਧਰਮਸੋਤ ਨੂੰ ਵਿੱਤ ਤੋਂ ਵੱਧ ਜਾਇਦਾਦ ਬਣਾਉਣ ਦੇ ਮਾਮਲੇ ਵਿੱਚ ਗ੍ਰਿਫ਼ਤਾਰ ਕਰ ਲਿਆ ਗਿਆ ਹੈ।

## ਭੂਚਾਲ ਕਾਰਨ ਤੁਰਕੀ ਵਿੱਚ ਮਾਰੇ ਗਏ 500 ਲੋਕ






**ਅੰਕਾਰਾ/ਲੋਕ ਬਾਣੀ**

ਦੱਖਣੀ-ਪੂਰਬੀ ਤੁਰਕੀ ਅਤੇ ਸੀਰੀਆ ਵਿੱਚ ਸੋਮਵਾਰ ਨੂੰ 7.8 ਦੀ ਤੀਬਰਤਾ ਦਾ ਸ਼ਕਤੀਸ਼ਾਲੀ ਭੂਚਾਲ ਆਇਆ। ਤੁਰਕੀ ਅਤੇ ਸੀਰੀਆ ਵਿੱਚ ਭੂਚਾਲ ਨਾਲ ਸਬੰਧਤ ਘਟਨਾਵਾਂ ਵਿੱਚ 1300 ਤੋਂ ਵੱਧ ਲੋਕਾਂ ਦੀ ਮੌਤ ਹੋ ਜਾਣ ਦੀ ਖ਼ਬਰ ਹੈ ਅਤੇ 6,530 ਤੋਂ ਵੱਧ ਜ਼ਖਮੀ ਹੋਏ ਹਨ। ਜਾਣਕਾਰੀ ਮੁਤਾਬਕ ਤੁਰਕੀ ਵਿਚ ਘੱਟੋ-ਘੱਟ 912 ਲੋਕਾਂ ਦੀ ਮੌਤ ਹੋ ਗਈ ਜਦਕਿ ਜ਼ਖਮੀਆਂ ਦੀ ਗਿਣਤੀ ਵੱਧ ਕੇ 5,389 ਹੋ ਗਈ। ਬੀਬੀਸੀ ਦੀ ਰਿਪੋਰਟ ਮੁਤਾਬਕ ਤੁਰਕੀ ਦੇ ਰਾਸ਼ਟਰਪਤੀ ਰੇਸੇਪ ਤੈਯਪ ਏਰਦੋਗਨ ਨੇ ਇਹ ਜਾਣਕਾਰੀ ਦਿੱਤੀ। ਇਸ ਤੋਂ ਪਹਿਲਾਂ ਤੁਰਕੀ ਦੇ ਉਪ ਰਾਸ਼ਟਰਪਤੀ ਫੁਆਤ ਓਕਟੇਸ ਨੇ ਕਿਹਾ ਕਿ 10 ਪ੍ਰਭਾਵਿਤ ਸੂਬਿਆਂ ਵਿਚ 1,700 ਇਮਾਰਤਾਂ ਢਹਿ ਗਈਆਂ ਅਤੇ ਘੱਟੋ-ਘੱਟ 2,300 ਲੋਕ ਜ਼ਖਮੀ ਹੋਏ ਹਨ। ਦੱਖਣੀ-ਪੂਰਬੀ ਤੁਰਕੀ ਅਤੇ ਸੀਰੀਆ ਵਿੱਚ ਸੋਮਵਾਰ ਤੜਕੇ 7.8 ਤੀਬਰਤਾ ਵਾਲੇ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ। ਮਰਨ ਵਾਲਿਆਂ ਦੀ ਗਿਣਤੀ ਵਧਣ ਦਾ ਖਦਸ਼ਾ ਹੈ ਕਿਉਂਕਿ ਬਚਾਅ ਕਰਤਾ ਅਜੇ ਵੀ ਮਲਬੇ ਹੇਠ ਦੱਬੇ ਲੋਕਾਂ ਨੂੰ ਪ੍ਰਭਾਵਿਤ ਖੇਤਰਾਂ ਵਿੱਚ ਲੱਭ ਰਹੇ ਹਨ। ਅੰਸ਼ਕ ਤੌਰ 'ਤੇ ਢਹਿ-ਢੇਰੀ ਇਮਾਰਤਾਂ ਦੇ ਅੰਦਰ ਫਸੇ ਲੋਕ ਅਤੇ ਸੜਕਾਂ 'ਤੇ ਲੋਕ ਮਦਦ ਲਈ ਚੀਕਦੇ ਦੇਖੇ ਗਏ।

## ਮੁੱਖ ਮੰਤਰੀ ਦਾ ਘਰ ਘੇਰਣ ਲਈ ਜਾ ਰਹੇ ਕੌਮੀ ਇਨਸਾਫ ਮੋਰਚਾ ਦੇ ਮੈਂਬਰ ਗਿਰ.ਫਤਾਰ

**ਚੰਡੀਗੜ੍ਹ/ਵਿਨੋਦ ਸ਼ਰਮਾ**

ਚੰਡੀਗੜ੍ਹ-ਮੋਹਾਲੀ ਦੇ ਬਾਰਡਰ 'ਤੇ ਬੰਦੀ ਸਿੰਘਾਂ ਦੀ ਰਿਹਾਈ ਨੂੰ ਲੈ ਕੇ ਧਰਨੇ 'ਤੇ ਬੈਠੇ 'ਕੌਮੀ ਇਨਸਾਫ਼ ਮੋਰਚੇ' ਦੇ 31 ਮੈਂਬਰਾਂ ਨੂੰ ਪੁਲਸ ਵੱਲੋਂ ਹਿਰਾਸਤ 'ਚ ਲੈ ਲਿਆ ਗਿਆ ਹੈ। ਇਸ ਮੋਰਚੇ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਦੀ ਰਿਹਾਇਸ਼ ਦਾ ਘਿਰਾਓ ਕੀਤਾ ਜਾਣਾ ਸੀ, ਜਿਸ ਦੇ ਚੱਲਦਿਆਂ ਮੋਰਚੇ ਦੇ ਮੈਂਬਰਾਂ ਨੇ ਚੰਡੀਗੜ੍ਹ ਵੱਲ ਨੂੰ ਕੂਚ ਕੀਤਾ ਪਰ ਪੁਲਸ ਨੇ ਉਨਾਂ ਨੂੰ ਚੰਡੀਗੜ੍ਹ 'ਚ ਦਾਖ਼ਲ ਨਹੀਂ ਹੋਣ ਦਿੱਤਾ। ਇਸ ਤੋਂ ਬਾਅਦ ਪੁਲਸ ਨੇ ਮੋਰਚੇ ਦੇ 31 ਮੈਂਬਰਾਂ ਨੂੰ ਹਿਰਾਸਤ 'ਚ ਲੈ ਲਿਆ। ਦੱਸਣਯੋਗ ਹੈ ਕਿ ਮੋਹਾਲੀ-ਚੰਡੀਗੜ੍ਹ ਬਾਰਡਰ 'ਤੇ ਬੰਦੀ ਸਿੰਘਾਂ ਦੀ ਰਿਹਾਈ ਨੂੰ ਲੈ ਕੇ ਲਗਾਤਾਰ ਕੌਮੀ ਇਨਸਾਫ਼ ਮੋਰਚਾ ਚੱਲ ਰਿਹਾ ਹੈ।



## ਬੀਜੇਪੀ ਨੇ ਕਸ਼ਮੀਰ ਨੂੰ ਅਫਗਾਨਿਸਤਾਨ ਬਣਾਇਆ : ਮਹਿਬੂਬਾ ਮੁਫਤੀ

**ਸ੍ਰੀਨਗਰ/ਲੋਕ ਬਾਣੀ**

ਪੀ.ਡੀ.ਪੀ ਮੁਖੀ ਮਹਿਬੂਬਾ ਮੁਫ਼ਤੀ ਨੇ ਕਿਹਾ ਕਿ ਜੇਕਰ ਤੁਸੀਂ ਅੱਜ ਕਸ਼ਮੀਰ 'ਚ ਜਾਓਗੇ ਤਾਂ ਤੁਹਾਨੂੰ ਅਫ਼ਗਾਨਿਸਤਾਨ ਵਰਗਾ ਮਿਲੇਗਾ, ਕਿਉਂਕਿ ਇੱਥੇ ਬਹੁਤ ਸਾਰੇ ਬੁਲਡੋਜ਼ਰ ਹਨ, ਲੋਕਾਂ ਨੂੰ ਕਬਜ਼ੇ ਦੇ ਨਾਂ 'ਤੇ ਉਨਾਂ ਦੀ ਜ਼ਮੀਨ ਤੋਂ ਬਾਹਰ ਕੱਢਿਆ ਜਾ ਰਿਹਾ ਹੈ, ਭਾਜਪਾ ਨੇ ਸ਼ਾਇਦ ਇਜ਼ਰਾਈਲ ਤੋਂ ਸਬਕ ਲਿਆ ਹੈ। ਜਿਵੇਂ ਉਹ ਫ਼ਿਲੀਸਤਾਨ ਨਾਲ ਕਰ ਰਹੇ ਹਨ, ਭਾਜਪਾ ਉਵੇਂ ਹੀ ਕਸ਼ਮੀਰੀਆਂ ਨਾਲ ਕਰ ਰਹੀ ਹੈ।



## ਆਸਟ੍ਰੀਆ ਵਿੱਚ ਭਿਆਨਕ ਤੂਫ਼ਾਨ ਕਾਰਨ 8 ਦੀ ਹੋਈ ਮੌਤ

**ਵਿਆਨਾ/ਲੋਕ ਬਾਣੀ**



ਇਸ ਹਫ਼ਤੇ ਦੇ ਅੰਤ 'ਚ ਆਸਟ੍ਰੀਆ 'ਚ ਬਰਫ਼ੀਲੇ ਤੂਫ਼ਾਨ ਕਾਰਨ ਘੱਟੋ-ਘੱਟ ਅੱਠ ਲੋਕਾਂ ਦੀ ਮੌਤ ਹੋ ਗਈ। ਸਥਾਨਕ ਮੀਡੀਆ ਮੁਤਾਬਕ ਪੁਲਿਸ ਨੇ ਮੌਤ ਦੀ ਸੂਚਨਾ ਦਿੱਤੀ ਹੈ। ਪੁਲਿਸ ਦੇ ਅਨੁਸਾਰ ਸਕੂਲ ਦੀਆਂ ਛੁੱਟੀਆਂ ਦੌਰਾਨ ਵਿਆਨਾ ਵਿਚ ਸਕੀ ਰਿਜ਼ੋਰਟ ਭਰੇ ਹੋਏ ਸਨ। ਰਿਪੋਰਟ ਮੁਤਾਬਕ ਟਾਇਰੋਲ ਅਤੇ ਵੋਰਾਰਲਬਰਗ ਖ਼ੇਤਰਾਂ ਦੇ ਅਧਿਕਾਰੀਆਂ ਨੇ ਕਿਹਾ ਹੈ ਕਿ ਹਵਾ ਅਤੇ ਬਰਫ਼ਬਾਰੀ ਕਾਰਨ ਬਰਫ਼ ਖਿਸਕਣ ਦਾ ਖ਼ਤਰਾ ਜ਼ਿਆਦਾ ਹੈ।

## ਕੇਂਦਰ ਸਰਕਾਰ ਅਡਾਨੀ ਮੁੱਦੇ ਤੇ ਸਾਡੇ ਨਾਲ ਗੱਲ ਕਰੇ : ਰਾਹੁਲ ਗਾਂਧੀ

**ਦਿੱਲੀ/ਕਪੂਰ**

ਕਾਂਗਰਸ ਸੰਸਦ ਮੈਂਬਰ ਰਾਹੁਲ ਗਾਂਧੀ ਨੇ ਅਡਾਨੀ ਮੁੱਦੇ 'ਤੇ ਗੱਲ ਕਰਦਿਆਂ ਕਿਹਾ ਕਿ ਸਰਕਾਰ ਪੂਰੀ ਕੋਸ਼ਿਸ਼ ਕਰੇਗੀ ਕਿ ਅਡਾਨੀ ਮੁੱਦੇ 'ਤੇ ਸੰਸਦ 'ਚ ਕੋਈ ਚਰਚਾ ਨਾ ਹੋਵੇ। ਸਰਕਾਰ ਨੂੰ ਇਸ 'ਤੇ ਸੰਸਦ 'ਚ ਚਰਚਾ ਦੀ ਇਜਾਜ਼ਤ ਦੇਣੀ ਚਾਹੀਦੀ ਹੈ।



## ਪੰਜਾਬ 'ਚ ਫਿਰੌਤੀ ਮੰਗਣ ਵਾਲੇ 8 ਲੋਕ ਗ੍ਰਿਫ਼ਤਾਰ

**ਕਪੂਰਥਲਾ/ਲੋਕ ਬਾਣੀ**

ਕਪੂਰਥਲਾ ਪੁਲਿਸ ਨੇ ਤਿੰਨ ਕਰੋੜ ਦੀ ਫਿਰੌਤੀ ਮੰਗਣ ਵਾਲੇ ਇਕ ਅੰਤਰਰਾਸ਼ਟਰੀ ਗਰੋਹ ਦਾ ਪਰਦਾਫਾਸ਼ ਕਰਕੇ ਗਰੋਹ ਦੇ 8 ਮੈਂਬਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ ਤੇ 7 ਹੋਰ ਕਥਿਤ ਦੋਸ਼ੀਆਂ ਦੀ ਸ਼ਨਾਖ਼ਤ ਕੀਤੀ ਹੈ। ਐਸ.ਐਸ.ਪੀ. ਕਪੂਰਥਲਾ ਨਵਨੀਤ ਸਿੰਘ ਬੈਂਸ ਨੇ ਦੱਸਿਆ ਕਿ ਪੁਲਿਸ ਨੇ ਇਸ ਗਰੋਹ ਦੇ ਮੈਂਬਰਾਂ ਕੋਲੋਂ ਇਕ ਸਫ਼ਾਰੀ ਰੰਗ ਦੀ ਗੱਡੀ, ਜੋ ਲਖਵਿੰਦਰ ਸਿੰਘ ਨੂੰ ਅਗਵਾ ਕਰਨ ਲਈ ਵਰਤੀ ਸੀ, ਬਰਾਮਦ ਕਰਨ ਤੋਂ ਇਲਾਵਾ ਦੋ ਮੋਟਰਸਾਈਕਲ, ਦੋ ਰਿਵਾਲਵਰ 32 ਬੋਰ, 6 ਜਿੰਦਾ ਕਾਰਤੂਸ, ਇਕ ਦੇਸੀ ਪਿਸਤੌਲ, 4 ਜਿੰਦਾ ਕਾਰਤੂਸ, ਇਕ ਗੰਨ 12 ਬੋਰ, 10 ਜਿੰਦਾ ਕਾਰਤੂਸ, 3 ਮੋਬਾਈਲ, ਇਕ ਡੌਂਗਲ ਬਰਾਮਦ ਕਰਨ ਵਿਚ ਸਫ਼ਲਤਾ ਹਾਸਲ ਕੀਤੀ ਹੈ। ਇਸ ਗਰੋਹ ਦੇ ਤਾਰ ਅਮਰੀਕਾ ਵਿਚ ਜੁੜੇ ਹੋਏ ਹਨ ਤੇ ਫਿਰੌਤੀ ਦੀ ਰਕਮ ਵੀ ਅਮਰੀਕਾ ਵਿਚ ਮੰਗੀ ਜਾਂਦੀ ਸੀ। ਐਸ.ਐਸ.ਪੀ. ਨੇ ਦੱਸਿਆ ਕਿ ਇਸ ਗਰੋਹ ਦੇ ਮੁੱਖ ਮੈਂਬਰ ਗੁਰਇਕਬਾਲ ਸਿੰਘ ਉਰਫ਼ ਵਰ ਵਲੋਂ ਆਪਣੇ ਸਾਥੀਆਂ ਨਾਲ ਕਥਿਤ ਤੌਰ 'ਤੇ ਮਿਲਕੇ ਪਿੰਡ ਗਾਜੀ ਗੁਡਾਣਾ ਥਾਣਾ ਫਿਲਵਾਂ ਦੇ ਇਕ ਬਜ਼ੁਰਗ ਲਖਵਿੰਦਰ ਸਿੰਘ ਨੂੰ ਬੀਤੀ 3 ਜਨਵਰੀ ਨੂੰ ਅਗਵਾ ਕੀਤਾ ਸੀ।



## ਪੋਪ ਫਰਾਂਸਿਸ ਅਗਲੇ ਸਾਲ ਆ ਸਕਦੇ ਹਨ ਭਾਰਤ

**ਚੰਡੀਗੜ੍ਹ/ਵਿਨੋਦ ਸ਼ਰਮਾ**

ਵੈਟੀਕਨ, 6 ਫਰਵਰੀ- ਵੈਟੀਕਨ ਨਿਊਜ਼ ਅਨੁਸਾਰ ਪੋਪ ਫ਼ਰਾਂਸਿਸ ਅਗਲੇ ਸਾਲ ਭਾਰਤ ਆਉਣ ਦੀ ਯੋਜਨਾ ਬਣਾ ਰਹੇ ਹਨ ਅਤੇ 2023 ਦੇ ਬਾਅਦ ਵਿਚ ਮੰਗੋਲੀਆ ਦੀ ਯਾਤਰਾ ਕਰਨ ਦੀ ਵੀ ਉਮੀਦ ਹੈ।

## 23 ਸ਼ੋਸ਼ਲ ਨੈਟਵਰਕਿੰਗ ਐਪਲੀਕੇਸ਼ਨਾ ਤੇ ਬਿਹਾਰ 'ਚ ਪਾਬੰਦੀ

**ਪਟਨਾ/ਲੋਕ ਬਾਣੀ**

ਬਿਹਾਰ ਸਰਕਾਰ ਨੇ ਸ਼ਾਂਤੀ ਬਣਾਈ ਰੱਖਣ ਲਈ ਸਾਰਨ ਜ਼ਿਲੇ ਵਿਚ 8 ਫਰਵਰੀ 12 ਵਜੇ ਤੱਕ 23 ਸੋਸ਼ਲ ਨੈਟਵਰਕਿੰਗ ਅਤੇ ਮੈਸੇਜਿੰਗ ਐਪਲੀਕੇਸ਼ਨਾਂ 'ਤੇ ਅਸਥਾਈ ਤੌਰ 'ਤੇ ਪਾਬੰਦੀ ਲਗਾ ਦਿੱਤੀ ਹੈ।

ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜਿਲੇ ਤੋਂ ਰੋਜਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾਂ ਦੀ ਲੋੜ ਹੈ। ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫ਼ਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111